Punjab Government Gazette

EXTRAORDINARY

Published by Authority

CHANDIGARH, WEDNESDAY, DECEMBER 31, 2025 (PAUSA 10, 1947 SAKA)

ਪੰਜਾਬ ਸਰਕਾਰ

ਸਥਾਨਕ ਸਰਕਾਰ ਵਿਭਾਗ ਪੰਜਾਬ, ਚੰਡੀਗੜ੍ਹ

(ਮਿਉਂਸਪਲ ਚੋਣਾਂ ਸ਼ਾਖਾ)

ਅਧਿਸੂਚਨਾ

ਮਿਤੀ 31 ਦਸੰਬਰ, 2025

ਨੰਬਰ:04/58/ਹਲਕਾਬੰਦੀ(ਸ-1)/ਮਚਸ਼/2025/313.-ਅਧਿਸੂਚਨਾ ਨੰ 04/60/ਹਲਕਾਬੰਦੀ(ਸ-1)/ਮਚਸ਼/2025/250 ਮਿਤੀ 22-12-2025 ਦੀ ਨਿਰੰਤਰਤਾ ਵਿੱਚ ਪੰਜਾਬ ਮਿਉਂਸਪਲ ਐਕਟ, 1911 (ਪੰਜਾਬ ਐਕਟ 3 ਆਫ 1911) ਦੀ ਧਾਰਾ 240 (1)(ਬੀ) ਅਤੇ ਡਿਲੀਮੀਟੇਸ਼ਨ ਆਫ ਵਾਰਡਜ ਆਫ ਮਿਉਂਸਪੈਲਟੀਜ ਰੂਲਜ, 1972 ਦੇ ਰੂਲ 9 ਅਧੀਨ ਅਤੇ ਇਸ ਸਬੰਧ ਵਿਚ ਦੂਸਰੇ ਸਮੂਹ ਅਖਤਿਆਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਦੇ ਰਾਜਪਾਲ ਪ੍ਰਸੰਨਤਾ ਪੂਰਵਕ ਨਗਰ ਕੌਂਸਲ, ਮੁਕੇਰੀਆਂ ਨੂੰ ਵਾਰਡਾਂ ਵਿੱਚ ਵੰਡਣ ਅਤੇ ਅਜਿਹੇ ਹਰ ਇਕ ਵਾਰਡ ਵਿਚੋਂ ਚੁਣੇ ਜਾਣ ਲਈ ਨੁਮਾਇੰਦਿਆਂ ਦੀ ਗਿਣਤੀ ਨਿਸਚਿਤ ਕਰਨ ਲਈ ਹੇਠ ਲਿਖੇ ਨਿਯਮ ਬਣਾਉਂਦੇ ਹਨ:-

ਨਿਯਮਾਂ

ਨਗਰ ਕੌਂਸਲ, ਮੁਕੇਰੀਆਂ ਜਿਲ੍ਹਾ ਹੁਸ਼ਿਆਰਪੁਰ ਨਗਰ ਦੇ ਨਗਰ ਪਾਲਾ ਦੀ ਚੋਣ ਦੇ ਮਕਸਦ ਲਈ ਨਗਰ ਕੌਂਸਲ, ਮੁਕੇਰੀਆਂ ਨੂੰ 15 ਵਾਰਡਾਂ ਵਿਚ ਵੰਡਿਆ ਜਾਵੇਗਾ ਜਿਨ੍ਹਾਂ ਪਿੱਛੇ 10 ਵਾਰਡ, ਜਿਨ੍ਹਾਂ ਦੇ ਪਿੱਛੇ ਬਰੈਕਟਾਂ ਅਤੇ ਸਬਦਾਂ ਵਿਚ:-

1. ਅਨੁਸੂਚਿਤ ਜਾਤੀਆ ਦੇ ਮੈਂਬਰਾ ਲਈ ਰਾਖਵਾਂ:
2. ਇਸਤਰੀ ਮੈਂਬਰਾਂ ਲਈ ਰਾਖਵਾਂ:
3. ਅਨੁਸੂਚਿਤ ਜਾਤੀਆਂ ਦੀਆਂ ਇਸਤਰੀ ਮੈਂਬਰਾ ਲਈ ਰਾਖਵਾਂ ਅਤੇ
4. ਪੱਛੜੀ ਸ੍ਰੇਣੀਆਂ ਦੇ ਮੈਂਬਰਾ ਲਈ ਰਾਖਵਾ,

ਲਿਖਿਆ ਹੋਵੇਗਾ ਕਿ ਉਹ ਵਾਰਡ ਉਨ੍ਹਾਂ ਕੈਟਾਗਰੀਆਂ ਨਾਲ ਸਬੰਧਤ ਮੈਂਬਰਾਂ ਲਈ ਰਾਖਵੇ ਹੋਣਗੇ। ਵਾਰਡਾਂ ਦੀਆਂ ਹੱਦਾਂ ਦਾ ਵਰਨਣ ਨਾਲ ਲਗਾਈ ਅਨੁਸੂਚੀ ਵਿਚ ਕੀਤਾ ਜਾਂਦਾ ਹੈ।

ਨਗਰ ਕੌਂਸਲ, ਮੁਕੇਰੀਆਂ ਜਿਲ੍ਹਾ ਹੁਸ਼ਿਆਰਪੁਰ ਨਗਰ ਦੇ ਵਾਰਡਾਂ ਦੀਆਂ ਹੱਦਾਂ ਦਾ ਵਰਣਨ ਦੱਸਦੀ ਅਨੁਸੂਚੀ

ਵਾਰਡ ਨੰ. 1 (ਅਨੁਸੂਚਿਤ ਜਾਤੀਆਂ ਦੇ ਇਸਤਰੀ ਮੈਂਬਰਾਂ ਲਈ ਰਾਖਵਾਂ)

ਨਗਰ ਕੌਂਸਲ ਦੀ ਉਤਰੀ ਹੱਦ ਅਤੇ ਨਗਰ ਕੌਂਸਲ ਦੀ ਪੂਰਵੀ ਹੱਦ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਨਗਰ ਕੌਂਸਲ ਦੀ ਪੂਰਵੀ ਹੱਦ ਨਾਲ ਚਲਦੇ ਹੋਏ ਕਾਲਾ ਮੰਜ ਰੋਡ ਤੀਕ, ਫਿਰ ਉਕਤ ਰੋਡ ਨਾਲ ਚਲਦੇ ਹੋਏ ਸ਼੍ਰੀ ਬਲਵੀਰ ਰਾਜ ਪੀ.ਸੀ.ਐਸ ਵਾਲੀ ਗਲੀ ਤੀਕ, ਫਿਰ ਉਕਤ ਗਲੀ ਨਾਲ ਚਲਦੇ ਹੋਏ ਗੰਦੇ ਨਾਲੇ ਤੀਕ, ਫਿਰ ਉਕਤ ਨਾਲੇ ਨਾਲ ਚਲਦੇ ਹੋਏ ਨੈਸ਼ਨਲ ਹਾਈਵੇ ਜਲੰਧਰ ਪਠਾਨਕੋਟ ਰੋਡ ਤੀਕ, ਫਿਰ ਉਕਤ ਰੋਡ ਨਾਲ ਚਲਦੇ ਹੋਏ ਗਲੀ ਕੁਲਦੀਪ ਸਿੰਘ ਸ਼ਟਰਿੰਗ ਸਟੋਰ ਤੀਕ, ਫਿਰ ਉਕਤ ਗਲੀ ਨਾਲ ਚਲਦੇ ਹੋਏ ਨਗਰ ਕੌਂਸਲ ਦੀ ਉੱਤਰੀ ਹੱਦ ਤੀਕ ਅਰਥਾਤ ਜਿਥੋਂ ਆਰੰਭ ਕੀਤਾ ਸੀ।

ਵਾਰਡ ਨੰ. 2

ਸ਼੍ਰੀ ਬਲਵੀਰ ਰਾਜ ਪੀ.ਸੀ.ਐਸ ਵਾਲੀ ਗਲੀ ਅਤੇ ਕਾਲਾ ਮੰਜ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਕਾਲਾ ਮੰਜ ਰੋਡ ਨਾਲ ਚਲਦੇ ਹੋਏ ਸਾਹਮਣੇ ਪਰਮਹੰਸ ਰੋਡ ਤੀਕ, ਫਿਰ ਉਕਤ ਰੋਡ ਨਾਲ ਚਲਦੇ ਹੋਏ ਫਤੂਵਾਲ ਰੋਡ ਤੀਕ, ਫਿਰ ਉਕਤ ਰੋਡ ਨਾਲ ਚਲਦੇ ਹਏ ਫਤੂਵਾਲ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਜੱਬਲ ਮਾਰਕੀਟ ਰੋਡ ਤੀਕ, ਫਿਰ ਉਕਤ ਰੋਡ ਲਾਲ ਚੱਲਦੇ ਹੋਏ ਸ਼ਮਸ਼ਾਨ ਘਾਟ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਗਲੀ ਭਜਨ ਕੌਰ ਸਾਬਕਾ ਐਮ.ਸੀ. ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਨੰ. 5 ਭੱਠਾ ਕਲੋਨੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਨੰ. 4 ਅਤੇ ਗਲੀ ਨੰ. 3 ਭੱਠਾ ਕਲੋਨੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਨੰ. 2 ਭੱਠਾ ਕਲੋਨੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਨੰ. 1 ਭੱਠਾ ਕਲੋਨੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗੰਦੇ ਨਾਲੇ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਰਾਮ ਨਗਰ ਕਲੋਨੀ ਨੂੰ ਜਾਣ ਵਾਲੀ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸ਼੍ਰੀ ਬਲਵੀਰ ਰਾਜ ਪੀ.ਸੀ.ਐਸ ਵਾਲੀ ਗਲੀ ਤੀਕ ਅਰਥਾਤ ਜਿਥੋਂ ਆਰੰਭ ਕੀਤਾ ਸੀ।

ਵਾਰਡ ਨੰ. 3 (ਇਸਤਰੀ ਮੈਂਬਰਾਂ ਲਈ ਰਾਖਵਾਂ)

ਪਠਾਨਕੋਟ ਨੈਸ਼ਨਲ ਹਾਈਵੇ ਅਤੇ ਗੰਦੇ ਨਾਲੇ ਦੇ ਮਿਲਣ ਦੇ ਸਥਾਨ ਤੋਂ ਅਰੰਭ ਕਰਕੇ ਗੰਦੇ ਨਾਲੇ ਦੇ ਨਾਲ ਚਲਦੇ ਹੋਏ ਭੱਠਾ ਕਲੋਨੀ ਗਲੀ ਨੰ. 1 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਨੰ. 2 ਤੀਕ, ਫਿਰ ਉਕਤ ਗਲੀ ਨਾਲ ਚੰਲਦੇ ਹੋਏ ਗਲੀ ਨੰ. 3 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਨੰ. 4 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਨੰ. 5 ਤੀਕ ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸ਼ਮਸ਼ਾਨ ਘਾਟ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਅਤੇ ਜੱਬਲ ਮਾਰਕਿਟ ਰੋਡ ਨੂੰ ਪਾਰ ਕਰਦੇ ਹੋਏ ਆਰੀਆ ਸਕੂਲ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਸਾਹਮਣੇ ਗਲੀ ਅਗਰਵਾਲ ਹਾਊਸ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਮਾਈ ਰੋਡੀ ਮੰਦਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਥਾਣੇ ਦੇ ਬੈਕ ਸਾਈਡ ਵਾਲੀ ਗਲੀ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਪਠਾਨਕੋਟ ਨੇਸ਼ਨਲ ਹਾਈਵੇ ਰੋਡ ਤੀਕ ਅਰਥਾਤ ਜਿਥੋਂ ਅਰੰਭ ਕੀਤਾ ਸੀ।

ਵਾਰਡ ਨੰ. 4

ਆਰੀਆ ਸਕੂਲ ਰੋਡ ਅਤੇ ਜੱਬਲ ਮਾਰਕੀਟ ਰੋਡ ਦੇ ਮਿਲਣ ਦੇ ਸਥਾਨ ਤੋਂ ਅਰੰਭ ਕਰਕੇ ਜੱਬਲ ਮਾਰਕੀਟ ਰੋਡ ਨਾਲ ਚੱਲਦੇ ਹੋਏ ਦੇਵਾ ਜੀ ਕਲੋਨੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਮਹਾਜਨਾਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਬਾਣੀਆ ਮੁਹੱਲਾ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਸਰਹੰਦੀ ਲਾਲ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਮਿਉਂਸਪਲ ਕਮੇਟੀ ਰੋਡ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਆਰੀਆ ਸਕੂਲ ਤੀਕ ਅਰਥਾਤ ਜਿਥੋਂ ਅਰੰਭ ਕੀਤਾ ਸੀ।

ਵਾਰਡ ਨੰ. 5 (ਇਸਤਰੀ ਮੈਂਬਰਾਂ ਲਈ ਰਾਖਵਾਂ)

ਐਮ.ਸੀ ਆਫਿਸ ਰੋਡ ਅਤੇ ਗਲੀ ਕਰਮ ਸਿੰਘ ਵਾਲੀ ਦੇ ਮਿਲਣ ਦੇ ਸਥਾਨ ਤੋਂ ਅਰੰਭ ਕਰਕੇ ਗਲੀ ਕਰਮ ਸਿੰਘ ਨਾਲ ਚੱਲਦੇ ਹੋਏ ਗਲੀ ਜੋਤਸ਼ੀਆਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਸੰਗੜ ਬਜਾਰ ਤੀਕ, ਫਿਰ ਉਕਤ ਬਜਾਰ ਨਾਲ ਚੱਲਦੇ ਹੋਏ ਗਲੀ ਮਨਮੋਹਨ ਇਲੈਕਟ੍ਰੋਨਿਕਸ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਸਟੇਟ ਬੈਂਕ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਵਾਲਮੀਕ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਚੰਦ ਦੀ ਹੱਟੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਪਿਆਰਾ ਸਿੰਘ ਸਾਇਕਲਾਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਪਠਾਨਕੋਟ ਨੇਸ਼ਨਲ ਹਾਈਵੇ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਥਾਣੇ ਦੇ ਬੈਕ ਸਾਈਡ ਵਾਲੀ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮਾਈ ਰੋਡੀ ਮੰਦਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਐਮ.ਸੀ. ਰੋਡ ਤੀਕ ਅਰਥਾਤ ਜਿਥੋਂ ਅਰੰਭ ਕੀਤਾ ਸੀ।

ਵਾਰਡ ਨੰ. 6 (ਅਨੁਸੂਚਿਤ ਜਾਤੀਆਂ ਦੇ ਮੈਂਬਰਾਂ ਲਈ ਰਾਖਵਾਂ)

ਤਲਵਾੜਾ ਰੋਡ ਅਤੇ ਜਲੰਧਰ ਨੈਸ਼ਨਲ ਹਾਇਵੇ ਰੋਡ ਦੇ ਮਿਲਣ ਦੇ ਸਥਾਨ ਤੋਂ ਅਰੰਭ ਕਰਕੇ ਨੈਸ਼ਨਲ ਹਾਈਵੇ ਰੋਡ ਨਾਲ ਚੱਲਦੇ ਹੋਏ ਪਿਆਰਾ ਸਿੰਘ ਚੌਂਕ ਵਾਲੀ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਮੁਹੱਲਾ ਵਾਲਮੀਕ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਪੁਰਾਣੇ ਸਟੇਟ ਬੈਂਕ ਆਫ ਇੰਡੀਆ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਥਾਣਾ ਰੋਡ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸੰਗੜ ਬਜਾਰ ਵਾਲੀ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਾਹਮਣੇ ਗਲੀ ਬੋਬੀ ਲੰਬੜ ਦੇ ਘਰ

ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਕੇਵਲ ਕ੍ਰਿਸ਼ਨ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਅਤੇ ਗਲੀ ਸੰਗੜ ਬਜਾਰ ਨੂੰ ਪਾਰ ਕਰਦੇ ਹੋਏ ਮੇਨ ਬਜਾਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮੁਹੱਲਾ ਤਿਖੋਵਾਲ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮੇਨ ਬਜਾਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਤਲਵਾੜਾ ਰੋਡ ਤੀਕ ਅਰਥਾਤ ਜਿਥੋਂ ਅਰੰਭ ਕੀਤਾ ਸੀ।

ਵਾਰਡ ਨੰ. 7 (ਇਸਤਰੀ ਮੈਂਬਰਾਂ ਲਈ ਰਾਖਵਾਂ)

ਮਿਉਂਸਪਲ ਕਮੇਟੀ ਰੋਡ ਅਤੇ ਮੁਹੱਲਾ ਮਹਾਜਨਾਂ ਦੇ ਮਿਲਣ ਦੇ ਸਥਾਨ ਤੋਂ ਅਰੰਭ ਕਰਕੇ ਮੁਹੱਲਾ ਮਹਾਜਨਾਂ ਗਲੀ ਨਾਲ ਚੱਲਦੇ ਹੋਏ ਸਰਹੰਦੀ ਲਾਲ ਚੌਂਕ ਤੀਕ, ਫਿਰ ਉਕਤ ਚੌਂਕ ਤੋਂ ਚੱਲਦੇ ਹੋਏ ਗਲੀ ਮੁਹੱਲਾ ਰਾਧਾ ਸੁਆਮੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਮਾਨਸਰ ਰੋਡ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਮੈਣੀ ਚੱਕੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸੰਗੜ ਬਜਾਰ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਕੇਵਲ ਕ੍ਰਿਸ਼ਨ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਬੋਬੀ ਲੰਬੜ ਦੇ ਘਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਜੋਤਸ਼ੀਆਂ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਮਿਉਂਸਪਲ ਕਮੇਟੀ ਰੋਡ ਤੀਕ ਅਰਥਾਤ ਜਿਥੋਂ ਅਰੰਭ ਕੀਤਾ ਸੀ।

ਵਾਰਡ ਨੰ. 8 (ਪੱਛੜੀਆਂ ਸ਼੍ਰੇਣੀਆਂ ਦੇ ਮੈਂਬਰਾਂ ਲਈ ਰਾਖਵਾਂ)

ਐਮ.ਸੀ. ਪਾਰਕ ਅਤੇ ਪਰਮਹੰਸ ਰੋਡ ਦੇ ਮਿਲਣ ਦੇ ਸਥਾਨ ਤੋਂ ਅਰੰਭ ਕਰਕੇ ਪਰਮਹੰਸ ਰੋਡ ਨਾਲ ਚਲਦੇ ਹੋਏ ਤਲਵਾੜਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚਲਦੇ ਹੋਏ ਗਲੀ ਮੁਹੱਲਾ ਤੀਖੋਵਾਲ ਦੇ ਪੰਜਾਬ ਸਪੋਰਟਸ ਦੇ ਸਾਹਮਣੇ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਡਾ. ਦਲਜੀਤ ਵਾਲੀ ਗਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਭੋਲਾ ਜੋਸ਼ੀ ਦੀ ਦੁਕਾਨ ਦੇ ਸਾਹਮਣੇ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਡਾ. ਸ਼ਾਮ (ਡੈਂਟਲ) ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਜਗਦੀਸ਼ ਕਡਾਈ ਵਾਲੇ ਦੇ ਘਰ ਦੇ ਸਾਹਮਣੇ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਮੈਣੀ ਚੱਕੀ ਦੇ ਸਾਹਮਣੇ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਐਮ.ਸੀ. ਪਾਰਕ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗੁਡੀਆ ਸ਼ਿਵਾਲਾ ਮੰਦਿਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸੋਮੀ ਸਮੋਸਿਆਂ ਵਾਲੇ ਦੀ ਦੁਕਾਨ ਦੇ ਸਾਹਮਣੇ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸਰਹੰਦੀ ਲਾਲ ਚੌਂਕ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਵਿਜੈ ਮਨਿਆਰੀ ਵਾਲੇ ਦੇ ਘਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸੁਰਜੀਤ ਪਟਵਾਰੀ ਦੇ ਘਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਪ੍ਰੋਫੈਸਰ ਪਵਨ ਕੁਮਾਰ ਸਿੰਗਲਾ ਦੇ ਘਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਸੁਰਿੰਦਰ ਕਬਮਾਰ ਦੇ ਘਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਐਮ.ਸੀ. ਰੋਡ ਤੀਕ , ਫਿਰ ਉਕਤ ਗਲੀ ਨਾਲ ਚੱਲਦੇ ਹੋਏ ਐਮ.ਸੀ. ਪਾਰਕ ਅਤੇ ਪਰਮਹੰਸ ਰੋਡ ਤੀਕ, ਅਰਥਾਤ ਜਿਥੋਂ ਆਰੰਭ ਕੀਤਾ ਸੀ।

ਵਾਰਡ ਨੰ. 9 (ਇਸਤਰੀ ਮੈਂਬਰਾਂ ਲਈ ਰਾਖਵਾਂ)

ਜੱਬਲ ਮਾਰਕੀਟ ਰੋਡ ਅਤੇ ਫਤੂਵਾਲ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਫਤੂਵਾਲ ਰੋਡ ਨਾਲ ਚਲਦੇ ਹੋਏ ਪਰਮਹੰਸ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਐਮ.ਸੀ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਰਾਜੀਵ ਕਲੋਨੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਬਾਣੀਆ ਮੁਹੱਲਾ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਮੁਹੱਲਾ ਮਹਾਜਨਾ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਦੇਵਾ ਜੀ ਕਲੋਨੀ ਰੋਡ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਜੱਬਲ ਮਾਰਕੀਟ ਰੋਡ ਤੀਕ ਅਰਥਾਤ ਜਿਥੋਂ ਅਰੰਭ ਕੀਤਾ ਸੀ।

ਵਾਰਡ ਨੰ. 10

ਪਰਮਹੰਸ ਰੋਡ ਅਤੇ ਨਗਰ ਕੌਂਸਲ ਦੀ ਪੂਰਬੀ ਹੱਦ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਨਗਰ ਕੌਂਸਲ ਦੀ ਪੂਰਬੀ ਹੱਦ ਨਾਲ ਚਲਦੇ ਹੋਏ ਤਲਵਾੜਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਪਰਮਹੰਸ ਰੋਡ ਤੀਕ, ਅਰਥਾਤ ਜਿਥੋਂ ਅਰੰਭ ਕੀਤਾ ਸੀ।

ਵਾਰਡ ਨੰ. 11 (ਇਸਤਰੀ ਮੈਂਬਰਾਂ ਲਈ ਰਾਖਵਾਂ)

ਨੈਸ਼ਨਲ ਹਾਈਵੇ ਜਲੰਧਰ (ਮਾਤਾ ਰਾਣੀ ਚੌਂਕ) ਅਤੇ ਤਲਵਾੜਾ ਰੋਡ ਦੇ ਮਿਲਣ ਦੇ ਸਥਾਨ ਤੋਂ ਅਰੰਭ ਕਰਕੇ ਤਲਵਾੜਾ ਰੋਡ ਨਾਲ ਚਲਦੇ ਹੋਏ ਗਲੀ ਮੇਨ ਬਜਾਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮੁਹੱਲਾ ਤਿਖੋਵਾਲ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਮੇਨ ਬਜਾਰ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਮੁਹੱਲਾ ਤਿਖੋਵਾਲ ਤੀਕ, ਫਿਰ ਉਕਤ ਗਲੀ ਨਾਲ

ਚੱਲਦੇ ਹੋਏ ਪਰਮਹੰਸ ਰੋਡ ਨੂੰ ਪਾਰ ਕਰਦੇ ਹੋਏ ਤਲਵਾੜਾ ਰੋਡ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਪੂਰਵੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚਲਦੇ ਹੋਏ ਨਗਰ ਕੌਂਸਲ ਦੀ ਦੱਖਣੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਪਿੰਡ ਰਾਮਗੜ ਕੁਲੀਆਂ/ਮਹਿਉਦੀਨਪੁਰ ਰੋਡ ਤੀਕ, ਉਕਤ ਰੋਡ ਨਾਲ ਚੱਲਦੇ ਹੋਏ ਜਲੰਧਰ ਨੈਸ਼ਨਲ ਹਾਈਵੇ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਤਲਵਾੜਾ ਰੋਡ ਤੀਕ, ਅਰਥਾਤ ਜਿਥੋਂ ਆਰੰਭ ਕੀਤਾ ਸੀ।

ਵਾਰਡ ਨੰ. 12

ਨਗਰ ਕੌਂਸਲ ਦੀ ਪੱਛਮੀ ਹੱਦ ਤਾਰਾ ਸਿੰਘ ਦੀ ਚੱਕੀ ਦੇ ਮਿਲਣ ਦੇ ਸਥਾਨ ਤੋਂ ਅਰੰਭ ਕਰਕੇ ਗਲੀ ਤਾਰਾ ਸਿੰਘ ਚੱਕੀ ਨਾਲ ਚੱਲਦੇ ਹੋਏ ਜਲੰਧਰ ਨੈਸ਼ਨਲ ਹਾਈਵੇ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਰਾਮਗੜ ਕੁਲੀਆਂ/ਮਹਿਉਦੀਨਪੁਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਪੂਰਵੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਦੱਖਣੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚਲਦੇ ਹੋਏ ਨਗਰ ਕੌਂਸਲ ਦੀ ਪੱਛਮੀ ਹੱਦ ਤੀਕ, ਅਰਥਾਤ ਜਿਥੋਂ ਆਰੰਭ ਕੀਤਾ ਸੀ।

ਵਾਰਡ ਨੰ. 13 (ਇਸਤਰੀ ਮੈਂਬਰਾਂ ਲਈ ਰਾਖਵਾਂ)

ਨਗਰ ਕੌਂਸਲ ਦੀ ਪੱਛਮੀ ਹੱਦ ਧਰਮਪੁਰਾ ਰੋਡ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਧਰਮਪੁਰ ਰੋਡ ਨਾਲ ਚੱਲਦੇ ਹੋਏ ਰੇਲਵੇ ਲਾਈਨ ਨੂੰ ਪਾਰ ਕਰਦੇ ਹੋਏ ਗਲੀ ਪੰਜਾਬ ਐਕਸਰੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਗਲੀ ਫੌਜਾ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਰੇਲਵੇ ਸਟੇਸ਼ਨ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਨੰ. 4 ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਧਰਮਪੁਰਾ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਜਲੰਧਰ ਨੈਸ਼ਨਲ ਹਾਈਵੇ ਰੋਡ ਤੀਕ, ਫਿਰ ਉਕਤ ਰੋਡ ਨਾਲ ਚੱਲਦੇ ਹੋਏ ਗਲੀ ਤਾਰਾ ਸਿੰਘ ਦੀ ਚੱਕੀ ਤੀਕ, ਫਿਰ ਉਕਤ ਗਲੀ ਨਾਲ ਚੱਲਦੇ ਹੋਏ ਨਗਰ ਕੌਂਸਲ ਦੀ ਪੱਛਮੀ ਹੱਦ ਤੀਕ, ਅਰਥਾਤ ਜਿਥੋਂ ਆਰੰਭ ਕੀਤਾ ਸੀ।

ਵਾਰਡ ਨੰ. 14

ਨਗਰ ਕੌਂਸਲ ਦੀ ਉੱਤਰੀ ਹੱਦ ਅਤੇ ਗੁਰਦਾਸਪੁਰ ਨੈਸ਼ਨਲ ਹਾਈਵੇ ਰੇਡ ਦੇ ਮਿਲਣ ਦੇ ਸਥਾਨ ਤੋਂ ਅਰੰਭ ਕਰਕੇ ਗੁਰਦਾਸਪੁਰ ਨੈਸ਼ਨਲ ਹਾਈਵੇ ਰੋਡ ਨਾਲ ਚਲਦੇ ਹੋਏ ਗਲੀ ਬੀ.ਐਸ.ਐਨ.ਐਲ ਤੀਕ, ਫਿਰ ਉਕਤ ਗਲੀ ਨਾਲ ਚਲਦੇ ਹੋਏ ਪਠਾਨਕੋਟ ਨੈਸ਼ਨਲ ਹਾਈਵੇ ਰੋਡ ਤੀਕ, ਫਿਰ ਉਕਤ ਰੋਡ ਨਾਲ ਚਲਦੇ ਹੋਏ ਗੁਰਦਾਸਪੁਰ ਨੈਸ਼ਨਲ ਹਾਈਵੇ ਰੋਡ ਤੀਕ, ਫਿਰ ਉਕਤ ਰੋਡ ਨਾਲ ਚਲਦੇ ਹੋਏ ਰੇਲਵੇ ਸਟੇਸ਼ਨ ਰੋਡ ਤੀਕ, ਫਿਰ ਉਕਤ ਰੋਡ ਨਾਲ ਚਲਦੇ ਹੋਏ ਗਲੀ ਫੋਜਾ ਸਿੰਘ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚਲਦੇ ਹੋਏ ਗਲੀ ਪੰਜਾਬ ਐਕਸਰੇ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚਲਦੇ ਹੋਏ ਨਗਰ ਕੌਂਸਲ ਦੀ ਪੱਛਮੀ ਹੱਦ ਤੀਕ, ਫਿਰ ਉਕਤ ਹੱਦ ਨਾਲ ਚਲਦੇ ਹੋਏ ਨਗਰ ਕੌਂਸਲ ਦੀ ਉੱਤਰੀ ਹੱਦ ਤੀਕ, ਅਰਥਾਤ ਜਿਥੋਂ ਆਰੰਭ ਕੀਤਾ ਸੀ।

ਵਾਰਡ ਨੰ. 15 (ਅਨੁਸੂਚਿਤ ਜਾਤੀਆਂ ਦੇ ਮੈਂਬਰਾਂ ਲਈ ਰਾਖਵਾਂ)

ਨਗਰ ਕੌਂਸਲ ਦੀ ਉੱਤਰੀ ਹੱਦ ਅਤੇ ਗਲੀ ਕੁਲਦੀਪ ਸ਼ਟਰਿੰਗ ਸਟੋਰ ਦੇ ਮਿਲਣ ਦੇ ਸਥਾਨ ਤੋਂ ਆਰੰਭ ਕਰਕੇ ਗਲੀ ਕੁਲਦੀਪ ਸ਼ਟਰਿੰਗ ਸਟੋਰ ਨਾਲ ਚਲਦੇ ਹੋਏ ਪਠਾਨਕੋਟ ਨੈਸ਼ਨਲ ਹਾਈਵੇ ਰੋਡ ਤੀਕ, ਫਿਰ ਉਕਤ ਰੋਡ ਨਾਲ ਚਲਦੇ ਹੋਏ ਗਲੀ ਬੀ.ਐਸ.ਐਨ.ਐਲ ਵਾਲੀ ਤੀਕ, ਫਿਰ ਉਕਤ ਗਲੀ ਨਾਲ ਚਲਦੇ ਹੋਏ ਨੋਸ਼ਹਿਰਾ ਗੁਰਦਾਸਪੁਰ ਰੋਡ ਤੀਕ, ਫਿਰ ਉਕਤ ਰੋਡ ਨਾਲ ਚਲਦੇ ਹੋਏ ਨਗਰ ਕੌਂਸਲ ਦੀ ਉੱਤਰੀ ਹੱਦ ਤੀਕ ਅਰਥਾਤ ਜਿਥੋਂ ਅਰੰਭ ਕੀਤਾ ਸੀ।

ਸਹੀ/-

ਮਨਜੀਤ ਸਿੰਘ ਬਰਾੜ, ਆਈ.ਏ.ਐਸ,

ਸਕੱਤਰ, ਪੰਜਾਬ ਸਰਕਾਰ

ਸਥਾਨਕ ਸਰਕਾਰ ਵਿਭਾਗ

ਮਿਤੀ 31 ਸਤੰਬਰ, 2025

3598/12-2025/Pb. Govt. Press, S.A.S. Nagar